# Annexure D

## BUILDING SAFETY CERTIFICATE

No. 1194 Dated: 21/05/2026

It is certified that the existing building **ALPINE PUBLIC SCHOOL** (name of the building or premises) at **Opposite Mehak Resort, N. M. College Road, Mansa.** (address) is having block(s)/Floor(s) as per details below:

| Detail of Block(s) in school | Block (1) | Block (2) | Block (3) | Block (4) | Block (5) | Block (6) |
|---|---|---|---|---|---|---|
| No. of Floor(s) in the Block | 2 Floors | | | | | |

The building is owned / occupied by **ALPINE PUBLIC SCHOOL** (name of the Institution) have complied with the Building safety requirements in accordance with National Building code Rules, and verified by the officers concerned of **Engineer. Kulwinder Singh** (Name of Department/Govt.) on **10-05-2026** (date of inspection) in the presence of Principal Ms. Disha Nagpal and Office Staff (name and addresses of the Manager/Secretary or his representative) and that the building/premises is fit for occupancy for running school with effect from 10-05-2026 to 31-07-2027.

Issued on 10-05-206 at MANSA by

Executive Engineer,
Provl. Divn. P.W.D. B&R Br.
Mansa.

Signature with Seal: ____________

Name : Kulwinder Singh

Designation : Executive Engineer

Name & Address of Department/ Office: PWD, B&R Mansa

(11)

ਦਫ਼ਤਰ : ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਲੋਕ ਨਿਰਮਾਣ ਵਿਭਾਗ ਭਵਨ ਤੇ ਮਾਰਗ ਸ਼ਾਖਾ, ਮਾਨਸਾ।

ਟੈਲੀਫੋਨ/ਫੈਕਸ ਨੰ: 01652-232119 Email ID :- xen.mansa@gmail.com

ਪੱਤਰ ਨੰ...1194 ਮਿਤੀ..21/05/2026

ਵੱਲ,

Principal,
Alpine Public School,
Mansa.

ਵਿਸ਼ਾ: ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ। (ਸਾਲ 2026-27)

ਹਵਾਲਾ: ਆਪ ਦਾ ਰੈਫ. ਨੰ 2226/APS/2026-27 ਮਿਤੀ 18/05/2026 ਦੇ ਸਬੰਧ ਵਿੱਚ।

ਤੁਹਾਡੇ ਸਕੂਲ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਹਨਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2026-27 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ **ਮਿਤੀ 31-03-2027** ਤੱਕ ਜਾਰੀ ਕੀਤਾ ਜਾਂਦਾ ਹੈ:-

1) ਇੰਜੀ: ਕੁਲਵਿੰਦਰ ਸਿੰਘ ਵੱਲੋਂ ਮਿਤੀ 10-05-2026 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2026-27 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੇ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।

2) ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।

3) ਜੇਕਰ ਬਿਲਡਿੰਗ ਦੀਆਂ ਕੰਧਾ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।

4) ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਬਿਜਲੀ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।

5) ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।

6) ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਈ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿਚੋਂ ਸੁਰਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ 'ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।

7) ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਰੋਡ ਟੂ ਅਸੈਸ ਦੀ ਮੰਨਜੂਰੀ ਸਬੰਧਤ ਵਿਭਾਗ ਤੋਂ ਲੈਣ ਲਈ ਸਕੂਲ ਪ੍ਰਬੰਧਕ ਖੁਦ ਜਿੰਮੇਵਾਰ ਹੋਵੇਗਾ।

8) ਸਕੂਲ ਨੂੰ ਸਟਾਫ਼ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।

9) ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ **ਜੀ.ਆਰ ਨੰ. 4629222 ਮਿਤੀ: 18/05/2026** ਰਾਹੀਂ ਦਸ ਹਜ਼ਾਰ ਰੁਪਏ (10,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ ਗਏ।

10) ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

**ਨੱਥੀ: ਨਕਸ਼ਾ**

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭ ਤੇ ਮ ਸ਼ਾਖਾ,
ਮਾਨਸਾ।

ਪਿੱਠ ਅੰਕਣ ਨੰ. ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰ.1, ਮਾਨਸਾ ਨੂੰ ਉਹਨਾਂ ਦੇ ਪੱਤਰ ਨੰ. 100 ਮਿਤੀ 19/05/2026 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭ ਤੇ ਮ ਸ਼ਾਖਾ,
ਮਾਨਸਾ।